# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :29-05-2026**

- ਸਰਬਉੱਚ ਅਦਾਲਤ ਨੇ ਦੇਸ਼ ਦੀਆਂ ਸਾਰੀਆਂ ਉੱਚ ਅਦਾਲਤਾਂ ਨੂੰ ਆਪਣੇ ਫੈਸਲੇ ਰਾਖਵੇਂ ਰੱਖਣ ਦੇ ਤਿੰਨ ਮਹੀਨਿਆਂ ਦੇ ਅੰਦਰ-ਅੰਦਰ, ਉਸਨੂੰ ਸੁਣਾਉਣ ਦੇ ਨਿਰਦੇਸ਼ ਦਿਤੇ।
- ਪੰਜਾਬ ਦੀਆਂ 102 ਸਥਾਨਕ ਇਕਾਈਆਂ ਲਈ ਹੋਈਆਂ ਚੋਣਾਂ ਵਾਸਤੇ, ਵੋਟਾਂ ਦੀ ਗਿਣਤੀ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਜਾਰੀ।
- ਭਾਰਤ ਨੇ ਸਵੱਛ ਊਰਜਾ ਦੇ ਖੇਤਰ ਵਿੱਚ ਇੱਕ ਇਤਿਹਾਸਕ ਉਪਲਬਧੀ ਹਾਸਿਲ ਕਰਦਿਆਂ -ਪ੍ਰਧਾਨ ਮੰਤਰੀ ਸੂਰਿਆ ਘਰ ਯੋਜਨਾ ਤਹਿਤ 40 ਲੱਖ ਘਰਾਂ ਦੀਆਂ ਛੱਤਾਂ 'ਤੇ ਸੋਲਰ ਪੈਨਲ ਲਾਏ।
- ਮੌਸਮ ਵਿਭਾਗ ਵਲੋਂ ਕੱਲ੍ਹ ਲਈ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿੱਸਿਆਂ ਵਿੱਚ, ਗਰਜ-ਚਮਕ ਨਾਲ ਗੜੇਮਾਰੀ ਬਾਰੇ ਔਰੰਜ ਅਲਰਟ ਜਾਰੀ।
- ਜਲੰਧਰ ਕਮਿਸ਼ਨਰੇਟ ਪੁਲਿਸ ਤਿੰਨ ਮੁਲਜ਼ਮਾਂ ਨੂੰ, ਪੰਜ ਪਿਸਤੌਲਾਂ ਅਤੇ 22 ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ।

- IPL ਕ੍ਰਿਕੇਟ 'ਚ, ਅੱਜ ਦੂਜੇ ਕੁਆਲੀਫਾਇਰ ਮੁਕਾਬਲੇ ਵਿੱਚ, ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਨਿਊ ਚੰਡੀਗੜ੍ਹ ਵਿਖੇ ਸ਼ਾਮੀਂ ਸਾਢੇ 7 ਵਜੇ ਗੁਜਰਾਤ ਟਾਈਟਨਜ਼ ਨਾਲ ਹੋਵੇਗਾ।

---

ਸਰਬਉੱਚ ਅਦਾਲਤ ਨੇ ਅੱਜ ਦੇਸ਼ ਦੀਆਂ ਸਾਰੀਆਂ ਉੱਚ ਅਦਾਲਤਾਂ ਨੂੰ ਆਪਣੇ ਫੈਸਲੇ ਰਾਖਵੇਂ ਰੱਖਣ ਦੇ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਸੁਣਾਉਣ ਦੇ ਨਿਰਦੇਸ਼ ਦਿਤੇ ਨੇ। ਸਰਬਉੱਚ ਅਦਾਲਤ ਨੇ ਕਿਹਾ ਕਿ ਫੈਸਲਿਆਂ ਵਿੱਚ ਦੇਰੀ ਪਟੀਸ਼ਨਕਰਤਾਵਾਂ ਨੂੰ ਨਾ ਪੂਰਾ ਹੋਣ ਵਾਲਾ ਨੁਕਸਾਨ ਪਹੁੰਚਾ ਸਕਦੀ ਏ। ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇ-ਮਾਲਿਆ ਬਾਗਚੀ ਦੀ ਬੈਂਚ ਨੇ ਨਿੱਜੀ ਆਜ਼ਾਦੀ ਨਾਲ ਜੁੜੇ ਮਾਮਲਿਆਂ ਵਿੱਚ ਤੇਜ਼ੀ ਨਾਲ ਫੈਸਲੇ ਲੈਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਬੈਂਚ ਨੇ ਕਿਹਾ ਕਿ ਜ਼ਮਾਨਤ ਅਰਜ਼ੀਆਂ 'ਤੇ ਹੁਕਮ ਉਸੇ ਦਿਨ ਜਾਂ ਅਗਲੇ ਦਿਨ ਸੁਣਾਏ ਜਾਣੇ ਚਾਹੀਦੇ ਹਨ ਅਤੇ ਅਪਲੋਡ ਕੀਤੇ ਜਾਣੇ ਚਾਹੀਦੇ ਹਨ। ਸਿਖਰਲੀ ਅਦਾਲਤ  ਨੇ ਕਿਹਾ ਕਿ ਜ਼ਮਾਨਤ ਦੇਣ ਜਾਂ ਸਜ਼ਾ ਮੁਅੱਤਲ ਕਰਨ ਦੇ ਹੁਕਮ ਦੇ ਐਲਾਨ ਤੋਂ ਤੁਰੰਤ ਬਾਅਦ, ਜੇਲ੍ਹ ਅਧਿਕਾਰੀਆਂ ਨੂੰ ਸੂਚਿਤ ਕਰਨਾ ਲਾਜ਼ਮੀ ਏ। ਵਿਚਾਰ ਅਧੀਨ ਕੈਦੀ

ਨੂੰ ਉਸੇ ਦਿਨ ਜਾਂ, ਘੱਟੋ ਘੱਟ, ਅਗਲੇ ਦਿਨ ਰਿਹਾਅ ਕੀਤਾ ਜਾਣਾ ਚਾਹੀਦਾ ਏ।

------------------------------------------------------------------------------------

ਪੰਜਾਬ 'ਚ 102 ਨਗਰ ਨਿਗਮਾਂ ਲਈ, ਵੋਟਾਂ ਦੀ ਗਿਣਤੀ ਸਵੇਰੇ 8 ਵਜੇ ਤੋਂ ਜਾਰੀ ਏ।ਕਈ ਸੀਟਾਂ 'ਤੇ ਜੇਤੂ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਗਿਆ ਏ। ਇਸ ਬਹੁ-ਕੋਣੀ ਮੁਕਾਬਲੇ ਵਿੱਚ, ਸੱਤਾਧਾਰੀ ਆਮ ਆਦਮੀ ਪਾਰਟੀ ਸਭ ਤੋਂ ਵੱਧ ਸੀਟਾਂ 'ਤੇ ਅੱਗੇ ਏ , ਉਸ ਤੋਂ ਬਾਅਦ ਕਾਂਗਰਸ ਅਤੇ ਹੋਰ ਪਾਰਟੀਆਂ ਨੇ। ਖ਼ਬਰ ਲਿਖੇ ਜਾਣ ਤੱਕ, ਆਮ ਆਦਮੀ ਪਾਰਟੀ ਹੁਣ ਤੱਕ 881 ਵਾਰਡਾਂ ਵਿੱਚ ਜਿੱਤ ਪ੍ਰਾਪਤ ਕਰ ਚੁੱਕੀ ਏ ਅਤੇ ਕਾਂਗਰਸ 355 ਵਾਰਡਾਂ ਵਿੱਚ ਜਿੱਤ ਪ੍ਰਾਪਤ ਕਰਕੇ ਦੂਜੇ ਸਥਾਨ 'ਤੇ ਏ। ਸ਼੍ਰੋਮਣੀ ਅਕਾਲੀ ਦਲ ਨੇ 178 ਵਾਰਡਾਂ ਵਿੱਚ, BJP ਨੇ 153 ਵਾਰਡਾਂ ਵਿੱਚ ਅਤੇ ਬਹੁਜਨ ਸਮਾਜ ਪਾਰਟੀ ਨੇ -6 ਵਾਰਡਾਂ ਵਿੱਚ ਜਿੱਤ ਪ੍ਰਾਪਤ ਕੀਤੀ ਏ। ਆਜ਼ਾਦ ਉਮੀਦਵਾਰਾਂ ਨੇ 245 ਵਾਰਡਾਂ ਵਿੱਚ ਜਿੱਤ ਪ੍ਰਾਪਤ ਕੀਤੀ ਏ , ਜੋ ਕਿ ਸ਼੍ਰੋਮਣੀ ਅਕਾਲੀ ਦਲ ਨਾਲੋਂ ਕਿਤੇ ਜ਼ਿਆਦਾ ਏ। ਸੂਬੇ ਭਰ ਦੇ ਇੱਕ ਹਜ਼ਾਰ 977 ਵਾਰਡਾਂ ਤੋਂ ਮੁੱਖ ਰਾਜਨੀਤਿਕ ਪਾਰਟੀਆਂ ਅਤੇ ਆਜ਼ਾਦ ਉਮੀਦਵਾਰਾਂ ਦੇ ਕੁੱਲ 7 ਹਜ਼ਾਰ 554 ਉਮੀਦਵਾਰ ਚੋਣ ਮੈਦਾਨ ਵਿੱਚ ਨੇ। ਹਾਲਾਂਕਿ, 80 ਵਾਰਡਾਂ ਤੋਂ 80 ਉਮੀਦਵਾਰਾਂ ਨੂੰ ਪਹਿਲਾਂ ਹੀ ਬਿਨਾਂ ਮੁਕਾਬਲਾ ਜੇਤੂ ਐਲਾਨ ਦਿੱਤਾ

ਗਿਆ ਸੀ। ਕੁੱਲ 35 ਲੱਖ ਤੋਂ ਵੱਧ ਵੋਟਰਾਂ ਵਿੱਚੋਂ, 22 ਲੱਖ 38 ਹਜ਼ਾਰ 241 ਵੋਟਰਾਂ ਨੇ ਆਪਣੀਆਂ ਵੋਟਾਂ ਪਾਈਆਂ, ਜਿਸ ਨਾਲ ਪੋਲਿੰਗ ਫੀਸਦੀ ਲਗਭਗ 64 ਹੋ ਗਈ। 26 ਮਈ ਨੂੰ ਵੋਟਾਂ ਪਈਆਂ ਸਨ।

---------------------------------------------------------------------------

ਭਾਰਤ ਨੇ ਸਵੱਛ ਊਰਜਾ ਦੇ ਖੇਤਰ ਵਿੱਚ ਇੱਕ ਇਤਿਹਾਸਕ ਉਪ੍ਲੱਬਧੀ ਹਾਸਿਲ ਕੀਤੀ ਏ। ਕੇਂਦਰੀ ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਸੂਰਿਆ ਘਰ ਯੋਜਨਾ ਦੇ ਤਹਿਤ ਹੁਣ ਤੱਕ 40 ਲੱਖ ਘਰਾਂ ਦੀਆਂ ਛੱਤਾਂ 'ਤੇ ਸੋਲਰ ਪੈਨਲ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਇਹ ਯੋਜਨਾ ਸਿਰਫ਼ ਇੱਕ ਨਵਿਆਉਣਯੋਗ ਊਰਜਾ ਪਹਿਲਕਦਮੀ ਨਹੀਂ ਏ ਸਗੋਂ ਨਾਗਰਿਕਾਂ ਨੂੰ ਬਿਜਲੀ ਖਪਤਕਾਰਾਂ ਤੋਂ ਬਿਜਲੀ ਉਤਪਾਦਕਾਂ ਵਿੱਚ ਵੀ ਬਦਲ ਰਹੀ ਏ । ਇਹ ਯੋਜਨਾ ਪਰਿਵਾਰਾਂ ਨੂੰ ਬਿਜਲੀ ਦੀਆਂ ਲਾਗਤਾਂ ਘਟਾਉਣ, ਸਰਕਾਰੀ ਸਬਸਿਡੀਆਂ ਦਾ ਲਾਭ ਉਠਾਉਣ ਅਤੇ ਜ਼ੀਰੋ ਬਿਜਲੀ ਬਿੱਲਾਂ ਵੱਲ ਵਧਣ ਵਿੱਚ ਮਦਦ ਕਰ ਰਹੀ ਏ ।

---------------------------------------------------------------------------

ਕੇਂਦਰ ਸਰਕਾਰ ਦੀ ‘ਪ੍ਰਧਾਨ ਮੰਤਰੀ ਸੂਰਜ ਘਰ ਯੋਜਨਾ’ ਤਹਿਤ ਫਿਰੋਜ਼ਪੁਰ ਰੇਲਵੇ ਮੰਡਲ ਨੇ ਸੂਰਜੀ ਊਰਜਾ ਦੇ ਖੇਤਰ ਵਿੱਚ ਅਹਿਮ

ਉਪਲਬਧੀ ਹਾਸਲ ਕੀਤੀ ਏ । ਮੰਡਲ ਦੇ 22 ਰੇਲਵੇ ਸਟੇਸ਼ਨਾਂ ‘ਤੇ 846 ਕਿਲੋਵਾਟ ਸਮਰੱਥਾ ਵਾਲੇ ਛੱਤ ਤੇ ਲੱਗਣ ਵਾਲੇ ਸੋਲਰ ਪਾਵਰ ਸਿਸਟਮ ਸਫਲਤਾਪੂਰਵਕ ਚੱਲ ਰਹੇ ਨੇ । ਫਿਰੋਜ਼ਪੁਰ ਮੰਡਲ ਦੇ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਦੱਸਿਆ ਕਿ ਜਲਦੀ ਹੀ 12 ਹੋਰ ਸਟੇਸ਼ਨਾਂ ‘ਤੇ ਕਰੀਬ 400 ਕਿਲੋਵਾਟ ਸਮਰੱਥਾ ਵਾਲੇ ਸੋਲਰ ਪਲਾਂਟ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਸੋਲਰ ਊਰਜਾ ਰਾਹੀਂ ਸਟੇਸ਼ਨਾਂ ਦੀਆਂ ਰੋਜ਼ਾਨਾ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਬਿਜਲੀ ਖਰਚ ਵਿੱਚ ਕਮੀ ਆਈ ਏ । ਵਿੱਤੀ ਵਰ੍ਹੇ 2025-26 ਦੌਰਾਨ ਇਨ੍ਹਾਂ ਪ੍ਰਣਾਲੀਆਂ ਰਾਹੀਂ 5 ਲੱਖ 31 ਹਜ਼ਾਰ 76 ਯੂਨਿਟ ਹਰਿਤ ਊਰਜਾ ਦਾ ਉਤਪਾਦਨ ਹੋਇਆ, ਜਿਸ ਨਾਲ ਰੇਲਵੇ ਨੂੰ ਲਗਭਗ 37 ਲੱਖ 18 ਹਜ਼ਾਰ ਰੁਪਏ ਦੀ ਬਚਤ ਹੋਈ ਏ । ਫਿਰੋਜ਼ਪੁਰ ਮੰਡਲ ਨੇ ਅਗਲੇ ਵਿੱਤੀ ਵਰ੍ਹੇ 2026-27 ਵਿੱਚ ਵਾਧੂ 1.15 ਮੇਗਾਵਾਟ ਸੋਲਰ ਸਮਰੱਥਾ ਸਥਾਪਿਤ ਕਰਨ ਦਾ ਟੀਚਾ ਵੀ ਰੱਖਿਆ ਏ ।

---------------------------------------------------------------------------

ਅੰਨਦਾਤਾ ਤੋਂ ਊਰਜਾਦਾਤਾ ਯੋਜਨਾ ਤਹਿਤ ਜ਼ਿਲ੍ਹਾ ਬਠਿੰਡਾ ਦੇ ਪਿੰਡ ਚਾਉਕੇ ਵਿਖੇ ਸਮਰੱਥਾ ਨਿਰਮਾਣ ਅਤੇ ਕਿਸਾਨ ਜਾਗਰੂਕਤਾ ਵਰਕਸ਼ਾਪ ਕਰਵਾਈ ਗਈ। ਇਹ ਆਜ਼ਮਾਇਸ਼ੀ ਪਹਿਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਏ । ਸਮਾਗਮ ਦਾ ਆਯੋਜਨ 'ਦ ਨੇਚਰ ਕਨਜ਼ਰ-ਵੇਂਸੀ ਵੱਲੋਂ

ਪੰਜਾਬ ਊਰਜਾ ਵਿਕਾਸ ਏਜੰਸੀ, ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਿਟੇਡ ਅਤੇ ਪੰਜਾਬ ਵਿਕਾਸ ਕਮਿਸ਼ਨ ਦੇ ਸਹਿਯੋਗ ਨਾਲ ਕੀਤਾ ਗਿਆ। ਵਰਕਸ਼ਾਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਨਵਿਆਉਣਯੋਗ ਊਰਜਾ, ਖ਼ਾਸ ਕਰਕੇ ਸੂਰਜੀ ਊਰਜਾ, ਨੂੰ ਅਪਣਾਉਣ ਨਾਲ ਪਾਣੀ ਸੰਭਾਲ ਅਤੇ ਮਿੱਟੀ ਦੀ ਸਿਹਤ ਪ੍ਰਬੰਧਨ ਵਿੱਚ ਮਿਲਣ ਵਾਲੇ ਲੰਬੇ ਸਮੇਂ ਦੇ ਲਾਭ ਬਾਰੇ ਜਾਣੂ ਕਰਵਾਉਣਾ ਸੀ। ਵਰਕਸ਼ਾਪ ਵਿੱਚ 400 ਤੋਂ ਵੱਧ ਕਿਸਾਨਾਂ ਨੇ ਹਿੱਸਾ ਲਿਆ। ਕਈ ਪਿੰਡਾਂ ਦੇ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਨੇ ਵੀ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਮੌਸਮ-ਅਨੁਕੂਲ ਅਤੇ ਟਿਕਾਊ ਖੇਤੀ ਪ੍ਰਥਾਵਾਂ ‘ਤੇ ਅਧਾਰਤ ਇਸ ਪਹਿਲ ਦੀ ਸ਼ਲਾਘਾ ਕੀਤੀ।

---------------------------------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਲੋਕ ਸਭਾ ਸਪੀਕਰ ਓਮ ਬਿਰਲਾ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਸਮਾਜਿਕ ਨਿਆਂ, ਪੇਂਡੂ ਵਿਕਾਸ ਅਤੇ ਕਿਸਾਨ ਭਾਈਚਾਰਿਆਂ ਦੇ ਸਸ਼ਕਤੀਕਰਨ ਪ੍ਰਤੀ ਚੌਧਰੀ ਚਰਨ ਸਿੰਘ ਦੀ ਅਟੁੱਟ ਵਚਨਬੱਧਤਾ ਹਮੇਸ਼ਾ ਯਾਦ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ

ਦਾ ਪੂਰਾ ਜੀਵਨ, ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਅਤੇ ਪਿੰਡਾਂ ਦੇ ਉਥਾਨ ਲਈ ਸਮਰਪਿਤ ਸੀ।

---------------------------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਅਧੀਨ ਕੇਂਦਰੀ ਏਕੀਕ੍ਰਿਤ ਕੀਟ ਪ੍ਰਬੰਧਨ ਕੇਂਦਰ , ਜਲੰਧਰ ਵਲੋਂ 26 ਮਈ ਤੋਂ 29 ਮਈ ਤੱਕ ਕਪਾਹ ਉਤਪਾਦਕ ਖੇਤਰਾਂ ਵਿੱਚ ਸਰਵੇਖਣ ਅਤੇ ਕਿਸਾਨ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦਾ ਮੁੱਖ ਉਦੇਸ਼, ਕਿਸਾਨਾਂ ਨੂੰ ਕਪਾਹ ਦੀ ਫ਼ਸਲ ਵਿੱਚ ਸ਼ੁਰੂਆਤੀ ਦੌਰ ਵਿੱਚ ਹੋਣ ਵਾਲੇ ਕੀੜਿਆਂ ਅਤੇ ਬਿਮਾਰੀਆਂ ਤੋਂ ਬਚਾਅ ਲਈ ਬੀਜ ਸੋਧ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ। ਟੀਮ ਵੱਲੋਂ ਮਾਨਸਾ ਜ਼ਿਲ੍ਹੇ ਦੇ ਪਿੰਡ ਕਾਹਨਵਾਲਾ, ਖਿਆਲੀ ਚਿਆਂਵਾਲੀ, ਮੂਸਾ ਅਤੇ ਬਠਿੰਡਾ ਜ਼ਿਲ੍ਹੇ ਦੇ ਕੋਟ ਗੁਰੂ, ਸੰਗਤ ਕਲਾਂ, ਜਵਾਲਾ ਸਿੰਘ ਵਾਲਾ ਪਿੰਡਾਂ ਵਿੱਚ ਕਿਸਾਨਾਂ ਦੇ ਖੇਤਾਂ ਦਾ ਦੌਰਾ ਕਰਕੇ ਫ਼ਸਲ ਦੀ ਸਥਿਤੀ ਦਾ ਨਿਰੀਖਣ ਕੀਤਾ ਗਿਆ। ਬਿਜਾਈ ਤੋਂ ਪਹਿਲਾਂ ਉਚਿਤ ਬੀਜ ਸੋਧ ਕਰਨ ਨਾਲ ਫ਼ਸਲ ਦਾ ਵਾਧਾ ਵਧੀਆ ਹੁੰਦਾ ਏ, ਝਾੜ ਵੱਧਦਾ ਏ ਅਤੇ ਕਿਸਾਨਾਂ ਦੀ ਲਾਗਤ ਵਿੱਚ ਕਮੀ ਆਉਂਦੀ ਏ । ਟੀਮ ਵੱਲੋਂ ਏਕੀਕ੍ਰਿਤ ਕੀਟ ਪ੍ਰਬੰਧਨ ਅਤੇ ਜੈਵਿਕ ਉਪਾਵਾਂ ਨੂੰ ਅਪਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ । ਮਾਹਿਰਾਂ ਨੇ ਕਿਸਾਨਾਂ ਨੂੰ ਦੱਸਿਆ ਕਿ ਜੈਵਿਕ ਉਪਾਵਾਂ ਦੀ ਵਰਤੋਂ ਨਾਲ ਕੀਟ ਅਤੇ

ਰੋਗ ਪ੍ਰਬੰਧਨ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਜਾ ਸਕਦਾ ਏ ਅਤੇ ਰਸਾਇਣਕ ਕੀਟਨਾਸ਼ਕਾਂ 'ਤੇ ਨਿਰਭਰਤਾ ਘੱਟ ਹੁੰਦੀ ਏ । ਕਿਸਾਨਾਂ ਨੂੰ ਮੋਬਾਈਲ ਐਪ ਰਾਹੀਂ ਫ਼ਸਲ ਵਿੱਚ ਲੱਗਣ ਵਾਲੇ ਕੀੜਿਆਂ ਅਤੇ ਬਿਮਾਰੀਆਂ ਦੀਆਂ ਤਸਵੀਰਾਂ ਅਪਲੋਡ ਕਰਕੇ ਸਮੇਂ ਸਿਰ ਹੱਲ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

------------------------------------------------------------------------------------

ਮੌਸਮ ਵਿਭਾਗ ਨੇ ਕੱਲ੍ਹ ਲਈ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿੱਸਿਆਂ ਵਿੱਚ, ਗਰਜ-ਚਮਕ ਨਾਲ ਗੜੇਮਾਰੀ ਤੇ ਤੇਜ਼ ਹਵਾਵਾਂ ਸੰਬੰਧੀ ORANGE ਅਲਰਟ ਜਾਰੀ ਕੀਤਾ ਏ। ਹਰਿਆਣਾ ਅਤੇ ਚੰਡੀਗੜ੍ਹ ਵਿੱਚ ਅੱਜ ਲਈ ਗਰਜ-ਚਮਕ ਨਾਲ ਗੜੇਮਾਰੀ ਤੇ ਤੇਜ਼ ਹਵਾਵਾਂ ਲਈ ਰੈਡ ਅਲਰਟ ਜਾਰੀ ਕੀਤਾ ਗਿਆ ਏ। ਪੰਜਾਬ 'ਚ ਕਈ ਥਾਵਾਂ 'ਤੇ ਪਿਛਲੇ 24 ਘੰਟਿਆਂ ਵਿੱਚ, ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ ਏ। ਹਰਿਆਣਾ ਅਤੇ ਚੰਡੀਗੜ੍ਹ ਦੇ ਕਈ ਹਿੱਸਿਆਂ ਵਿੱਚ ਵੀ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਗਈ ਏ। ਇਸ ਦੌਰਾਨ, ਪੰਜਾਬ ਦਾ ਬਠਿੰਡਾ 40.4 ਡਿਗਰੀ ਸੈਲਸੀਅਸ ਤਾਪਮਾਨ ਨਾਲ ਅਤੇ ਹਰਿਆਣਾ ਦਾ ਦਾ ਸਿਰਸਾ 39.8 ਡਿਗਰੀ ਸੈਲਸੀਅਸ ਵੱਧ ਤੋਂ ਵੱਧ ਤਾਪਮਾਨ ਨਾਲ ਸਭਤੋਂ ਗਰਮ ਸ਼ਹਿਰ ਰਹੇ ।

------------------------------------------------------------------------------

ਮੌਸਮ ਵਿਭਾਗ ਨੇ ਜੂਨ ਤੋਂ ਸਤੰਬਰ ਦਰਮਿਆਨ ਦੱਖਣ-ਪੱਛਮੀ ਮਾਨਸੂਨ ਸੀਜ਼ਨ ਦੌਰਾਨ, ਦੇਸ਼ ਭਰ ਵਿੱਚ ਆਮ ਨਾਲੋਂ ਤੋਂ ਘੱਟ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ। ਅੱਜ ਨਵੀਂ ਦਿੱਲੀ ਵਿੱਚ ਮਾਨਸੂਨ 2026 ਲਈ ਲੰਬੇ ਸਮੇਂ ਦੀ ਪੇਸ਼ੀਨਗੋਈ ਦੇ ਦੂਜੇ ਗੇੜ ਬਾਰੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ, ਧਰਤੀ ਵਿਗਿਆਨ ਮੰਤਰਾਲੇ ਦੇ ਸਕੱਤਰ ਡਾ. ਐਮ. ਰਵੀ-ਚੰਦਰਨ ਨੇ ਕਿਹਾ ਕਿ ਦੱਖਣ-ਪੱਛਮੀ ਮਾਨਸੂਨ ਦੌਰਾਨ ਵਾਲੀ ਵਰਖਾ ਲਈ ਲੰਬੀ ਮਿਆਦ ਦੀ ਪੇਸ਼ੀਨਗੋਈ 90 ਫੀਸਦੀ ਰਹਿਣ ਦੀ ਸੰਭਾਵਨਾ ਏ। ਮੀਡੀਆ ਨੂੰ ਸੰਬੋਧਨ ਕਰਦੇ ਹੋਏ, ਵਿਭਾਗ ਦੇ ਡਾਇਰੈਕਟਰ ਜਨਰਲ ਡਾ. ਮੌਤੁੰਜੇ ਮਹਾਪਾਤਰਾ ਨੇ ਕਿਹਾ ਕਿ ਜੂਨ ਵਿੱਚ ਦੇਸ਼ ਦੀ ਔਸਤ ਬਾਰਿਸ਼ ਆਮ ਤੋਂ ਘੱਟ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਦੇਸ਼ ਦੇ ਕੁਝ ਹਿੱਸਿਆਂ, ਵਿੱਚ ਆਮ ਜਾਂ ਆਮ ਤੋਂ ਵੱਧ ਬਾਰਿਸ਼ ਹੋਣ ਦੀ ਉਮੀਦ ਏ ਜਿਨ੍ਹਾਂ ਵਿੱਚ ਉੱਤਰ-ਪੱਛਮ, ਉੱਤਰ-ਪੂਰਬ ਅਤੇ ਦੱਖਣੀ ਖੇਤਰ ਸ਼ਾਮਲ ਨੇ । ਉਨ੍ਹਾਂ ਕਿਹਾ ਕਿ ਜੂਨ ਮਹੀਨੇ ਦੌਰਾਨ ਦੇਸ਼ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ ਆਮ ਤੋਂ ਵੱਧ ਰਹਿਣ ਦੀ ਸੰਭਾਵਨਾ ਏ। ਸ੍ਰੀ ਮਹਾਪਾਤਰਾ ਨੇ ਕਿਹਾ ਕਿ ਜੂਨ ਮਹੀਨੇ ਦੌਰਾਨ ਉੱਤਰ ਪ੍ਰਦੇਸ਼, ਹਰਿਆਣਾ, ਪੰਜਾਬ, ਬਿਹਾਰ, ਓਡੀਸ਼ਾ, ਛੱਤੀਸਗੜ੍ਹ ਅਤੇ ਗੁਜਰਾਤ ਦੇ ਕਈ ਹਿੱਸਿਆਂ ਵਿੱਚ

ਆਮ ਤੋਂ ਵੱਧ ਲੂ ਚਲਣ ਦੀ ਸੰਭਾਵਨਾ ਏ ।
BYTE:RNU290526
------------------------------------------------------------------------------------
ਜਲੰਧਰ ਕਮਿਸ਼ਨਰੇਟ ਪੁਲਿਸ ਨੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਵਿੱਚ ਸ਼ਾਮਲ ਤਿੰਨ ਮੁਲਜ਼ਮਾਂ ਨੂੰ ,ਪੰਜ ਪਿਸਤੌਲਾਂ ਅਤੇ 22 ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਏ । ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਦਾਸਪੁਰ ਦੇ ਮਨਜੋਤ ਸਿੰਘ, ਸੰਦੀਪ ਸਿੰਘ ਅਤੇ ਅਮਨਦੀਪ ਸਿੰਘ ਵਜੋਂ ਹੋਈ ਏ । ਜਲੰਧਰ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ, ਪੁਲਿਸ ਟੀਮ ਨੇ ਸ਼ੱਕੀ ਮਨਜੋਤ ਸਿੰਘ ਨੂੰ ਬੱਸ ਅੱਡੇ ਜਲੰਧਰ ਨੇੜਿਓਂ ਇੱਕ ਪਿਸਤੌਲ ਅਤੇ ਕਾਰਤੂਸ ਸਮੇਤ ਗ੍ਰਿਫ਼ਤਾਰ ਕੀਤਾ । ਉਸਨੇ ਪੁੱਛ-ਗਿੱਛ ਦੌਰਾਨ ਇਸ ਮਾਡਿਊਲ ਵਿੱਚ ਸ਼ਾਮਲ ਆਪਣੇ ਦੋ ਸਾਥੀਆਂ - ਸੰਦੀਪ ਅਤੇ ਅਮਨਦੀਪ - ਬਾਰੇ ਜਾਣਕਾਰੀ ਦਿੱਤੀ। ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਗੁਰਦਾਸਪੁਰ ਦੇ ਪਿੰਡ ਭੈਣੀ ਪਸਵਾਲ ਤੋਂ ਇਨ੍ਹਾਂ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ । ਪੁਲਿਸ ਨੇ ਇਹਨਾਂ ਵਲੋਂ ਛੁਪਾਏ ਗਏ ਚਾਰ ਹੋਰ ਪਿਸਤੌਲਾਂ ਦੇ ਨਾਲ 18 ਕਾਰਤੂਸ ਬਰਾਮਦ ਕੀਤੇ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਮਾਡਿਊਲ ਪੰਜਾਬ ਵਿੱਚ ਗੈਰ-

ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਸੀ।

------------------------------------------------------------------------

IPL ਕ੍ਰਿਕੇਟ ਵਿੱਚ, ਅੱਜ ਦੂਜੇ ਕੁਆਲੀਫਾਇਰ ਮੁਕਾਬਲੇ ਵਿੱਚ, ਗੁਜਰਾਤ ਟਾਈਟਨਜ਼ ਦਾ ਮੁਕਾਬਲਾ ਰਾਜਸਥਾਨ ਰਾਇਲਜ਼ ਨਾਲ ਹੋਵੇਗਾ। ਇਹ ਮੈਚ ਨਿਊ ਚੰਡੀਗੜ੍ਹ ਦੇ ਮਹਾਰਾਜਾ ਯਾਦਵਿੰਦਰ ਸਿੰਘ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿੱਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ। ਇਸ ਮੈਚ ਦੀ ਜੇਤੂ ਟੀਮ ਐਤਵਾਰ ਨੂੰ ਅਹਿਮਦਾਬਾਦ ਵਿੱਚ ਹੋਣ ਵਾਲੇ ਫਾਈਨਲ ਮੁਕਾਬਲੇ ਵਿੱਚ ਰਾਇਲ ਚੈਲੇਂਜਰਜ਼ ਬੈਂਗਲੁਰੂ ਖਿਲਾਫ ਖੇਡੇਗੀ।

------------------------------------------------------------------------

- ਸਰਬਉੱਚ ਅਦਾਲਤ ਨੇ ਦੇਸ਼ ਦੀਆਂ ਸਾਰੀਆਂ ਉੱਚ ਅਦਾਲਤਾਂ ਨੂੰ ਆਪਣੇ ਫੈਸਲੇ ਰਾਖਵੇਂ ਰੱਖਣ ਦੇ ਤਿੰਨ ਮਹੀਨਿਆਂ ਦੇ ਅੰਦਰ-ਅੰਦਰ, ਉਸਨੂੰ ਸੁਣਾਉਣ ਦੇ ਨਿਰਦੇਸ਼ ਦਿਤੇ ।
- ਪੰਜਾਬ ਦੀਆਂ 102 ਸਥਾਨਕ ਇਕਾਈਆਂ ਲਈ ਹੋਈਆਂ ਚੋਣਾਂ ਵਾਸਤੇ, ਵੋਟਾਂ ਦੀ ਗਿਣਤੀ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਜਾਰੀ ।
- ਭਾਰਤ ਨੇ ਸਵੱਛ ਊਰਜਾ ਦੇ ਖੇਤਰ ਵਿੱਚ ਇੱਕ ਇਤਿਹਾਸਕ ਉਪਲਬਧੀ ਹਾਸਿਲ ਕਰਦਿਆਂ -ਪ੍ਰਧਾਨ ਮੰਤਰੀ ਸੂਰਿਆ ਘਰ ਯੋਜਨਾ ਤਹਿਤ 40 ਲੱਖ ਘਰਾਂ ਦੀਆਂ ਛੱਤਾਂ 'ਤੇ ਸੋਲਰ ਪੈਨਲ ਲਾਏ ।

- ਮੌਸਮ ਵਿਭਾਗ ਵਲੋਂ ਕੱਲ੍ਹ ਲਈ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿੱਸਿਆਂ ਵਿੱਚ, ਗਰਜ-ਚਮਕ ਨਾਲ ਗੜੇਮਾਰੀ ਬਾਰੇ ਔਰੰਜ ਅਲਰਟ ਜਾਰੀ।
- ਜਲੰਧਰ ਕਮਿਸ਼ਨਰੇਟ ਪੁਲਿਸ ਤਿੰਨ ਮੁਲਜ਼ਮਾਂ ਨੂੰ, ਪੰਜ ਪਿਸਤੌਲਾਂ ਅਤੇ 22 ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ।
- IPL ਕ੍ਰਿਕੇਟ 'ਚ, ਅੱਜ ਦੂਜੇ ਕੁਆਲੀਫਾਇਰ ਮੁਕਾਬਲੇ ਵਿੱਚ, ਰਾਜਸਥਾਨ ਰਾਇਲਜ਼ ਦਾ ਮੁਕਾਬਲਾ ਨਿਊ ਚੰਡੀਗੜ੍ਹ ਵਿਖੇ ਸ਼ਾਮੀਂ ਸਾਢੇ 7 ਵਜੇ ਗੁਜਰਾਤ ਟਾਈਟਨਜ਼ ਨਾਲ ਹੋਵੇਗਾ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ**